ਜਨਮ ਦਿਨ ਮੁਬਾਰਕ

ਆਦੇਸ਼ ਪ੍ਰਤਾਪ ਸਿੰਘ
ਪਿਤਾ : ਮਨਪ੍ਰੀਤ ਸਿੰਘ
ਮਾਤਾ : ਸੁਖਵਿੰਦਰ ਕੌਰ

ਸਾਹਿਬਜੀਤ ਕੌਰ
ਪਿਤਾ : ਵਿਜੈ ਕੁਮਾਰ
ਮਾਤਾ :ਪ੍ਰੀਆ

ਜਗ ਬਾਣੀ
ਹਮੇਸ਼ਾ ਤੁਹਾਡੇ ਨਾਲ

ਜਨਮ ਦਿਨ | ਵਿਆਹ | ਵਰ੍ਹੇਗੰਢ
ਧੀ/ਪੁੱਤ ਦੇ ਜਨਮ ਦਿਨ | ਨਵੇਂ ਵਿਆਹੇ ਜੋੜੇ ਦੀ | ਆਪਣੇ ਵਿਆਹ ਦੀ ਵਰ੍ਹੇਗੰਢ ਦੀ
ਫੋਟੋ ਸਾਨੂੰ ਭੇਜੋ। ਫ੍ਰੀ ਪ੍ਰਕਾਸ਼ਿਤ ਹੋਵੇਗੀ
gdp@jagbani.com
whatsapp 98141-14566
ਨੋਟ : ਮੇਲ 'ਚ ਨਾਂ, ਮਾਤਾ-ਪਿਤਾ ਦਾ ਨਾਂ, ਪਤਾ ਅਤੇ ਮੋਬਾਈਲ ਨੰਬਰ ਜ਼ਰੂਰ ਲਿਖੋ।

ਲਾਇਨਜ਼ ਕਲੱਬ ਰਾਇਲ ਵੱਲੋਂ ਬਿਹਤਰੀਨ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ

ਅਧਿਆਪਕਾਂ ਨੂੰ ਸਨਮਾਨਿਤ ਕਰਦੇ ਲਾਇਨਜ਼ ਕਲੱਬ ਰਾਇਲ ਗੁਰਦਾਸਪੁਰ ਦੇ ਅਹੁਦੇਦਾਰ ਅਤੇ ਮੈਂਬਰ। (ਜੀਤ)/)

ਗੁਰਦਾਸਪੁਰ, 5 ਸਤੰਬਰ (ਹਰਮਨ)-ਲਾਇਨਜ਼ ਕਲੱਬ ਰਾਇਲ ਗੁਰਦਾਸਪੁਰ ਵੱਲੋਂ ਅਧਿਆਪਕ ਦਿਵਸ ਮੌਕੇ ਇਕ ਵੱਕਾਰੀ ਅਤੇ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਅਧਿਆਪਕਾਂ ਦੇ ਸਮਰਪਣ, ਮਿਹਨਤ ਅਤੇ ਸਿੱਖਿਆ ਦੇ ਖੇਤਰ 'ਚ ਪਾਏ ਉਨ੍ਹਾਂ ਦੇ ਅਮੁਲ ਯੋਗਦਾਨ ਨੂੰ ਸਨਮਾਨਿਤ ਕੀਤਾ ਗਿਆ।

ਸਮਾਗਮ ਦੌਰਾਨ ਟੀ. ਸੀ. ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਅਤੇ ਲਾਇਨਜ਼ ਕਲੱਬ ਰਾਇਲ ਗੁਰਦਾਸਪੁਰ ਦੇ ਪ੍ਰਧਾਨ ਲਾਇਨ ਐਡਵੋਕੇਟ ਰਵਿੰਦਰ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨਾਲ ਸਕੱਤਰ ਲਾਇਨ ਐਡਵੋਕੇਟ ਮਨੋਜ ਲੁੰਬਾ, ਕੈਸ਼ੀਅਰ ਲਾਇਨ ਐਡਵੋਕੇਟ ਕਵੀ ਰਾਜ ਡੋਗਰਾ ਅਤੇ ਕਲੱਬ ਮੈਂਬਰ ਲਾਇਨ ਪੁਸ਼ਕਰ ਨੰਦਾ, ਲਾਇਨ ਸੁਰੇਸ਼ ਸੈਣੀ, ਲਾਇਨ ਜਤਿੰਦਰ ਮੋਹਨ ਅਤੇ ਲਾਇਨ ਐਡਵੋਕੇਟ ਵਰੁਣ ਗੋਸਾਈਂ ਵੀ ਮੌਜੂਦ ਸਨ।

ਪ੍ਰੋਗਰਾਮ ਦੌਰਾਨ ਅਧਿਆਪਕਾਂ ਨੂੰ ਉਨ੍ਹਾਂ ਦੀ ਮਿਹਨਤ, ਲਗਨ, ਸਮਰਪਣ, ਅਨੁਸ਼ਾਸਨ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ 'ਚਚ ਨਿਭਾਏ ਯੋਗਦਾਨ ਲਈ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਧਿਆਪਕਾਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਅਧਿਆਪਨ ਦੇ ਮਹੱਤਵ 'ਤੇ ਪ੍ਰੇਰਨਾਦਾਇਕ ਭਾਸ਼ਣ ਅਤੇ ਭਾਵਪੂਰਤ ਕਵਿਤਾਵਾਂ ਪੇਸ਼ ਕੀਤੀਆਂ।

ਬੁਲਾਰਿਆਂ ਨੇ ਕਿਹਾ ਕਿ ਅਧਿਆਪਕ ਸਮਾਜ ਦੇ ਨਿਰਮਾਣ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਹ ਨਾ ਸਿਰਫ ਵਿਦਿਆਰਥੀਆਂ ਨੂੰ ਗਿਆਨ ਦਿੰਦੇ ਹਨ, ਸਗੋਂ ਉਨ੍ਹਾਂ ਨੂੰ ਸੰਸਕਾਰ, ਆਤਮ-ਵਿਸ਼ਵਾਸ ਅਤੇ ਜ਼ਿੰਦਗੀ 'ਚ ਅੱਗੇ ਵਧਣ ਦੀ ਦਿਸ਼ਾ ਵੀ ਪ੍ਰਦਾਨ ਕਰਦੇ ਹਨ। ਲਾਇਨਜ਼ ਕਲੱਬ ਰਾਇਲ ਵੱਲੋਂ ਕੀਤਾ ਇਹ ਉਪਰਾਲਾ ਸਿੱਖਿਆ ਦੇ ਖੇਤਰ ਪ੍ਰਤੀ ਧੰਨਵਾਦ ਅਤੇ ਸਤਿਕਾਰ ਦੀ ਇਕ ਸੁੰਦਰ ਮਿਸਾਲ ਰਿਹਾ। ਪ੍ਰੋਗਰਾਮ ਦੀ ਸਮਾਪਤੀ ਅਧਿਆਪਕਾਂ ਪ੍ਰਤੀ ਧੰਨਵਾਦ ਅਤੇ ਸ਼ੁਭਕਾਮਨਾਵਾਂ ਨਾਲ ਹੋਈ।

ਜਾਅਲੀ ਖਾਦਾਂ ਵੇਚ ਕੇ ਕਿਸਾਨਾਂ ਨਾਲ ਠੱਗੀ ਮਾਰਨ ਵਾਲੇ 3 ਲੋਕਾਂ 'ਤੇ ਮਾਮਲਾ ਦਰਜ

ਧਾਰੀਵਾਲ/ਗੁਰਦਾਸਪੁਰ, 5 ਸਤੰਬਰ (ਖੋਸਲਾ, ਬਲਬੀਰ, ਵਿਨੋਦ)-ਧਾਰੀਵਾਲ ਪੁਲਸ ਨੇ ਅਣ-ਅਧਿਕਾਰਤ ਗੋਦਾਮ 'ਚ ਜਾਅਲੀ (ਨਾਨ-ਸਟੈਂਡਰਡ) ਖਾਦਾਂ ਸਟੋਰ ਕਰਨ, ਬਣਾਉਣ ਅਤੇ ਵੇਚ ਕੇ ਕਿਸਾਨਾਂ ਨਾਲ ਠੱਗੀ ਮਾਰਨ ਅਤੇ ਸਰਕਾਰ ਨੂੰ ਮਾਲੀ ਨੁਕਸਾਨ ਪਹੁੰਚਾਉਣ ਦੇ ਦੋਸ਼ 'ਚ 3 ਲੋਕਾਂ ਖ਼ਿਲਾਫ਼ ਧੋਖਾਦੇਹੀ ਦਾ ਪਰਚਾ ਦਰਜ ਕੀਤਾ ਹੈ।

ਸਬ-ਇੰਸਪੈਕਟਰ ਰਛਪਾਲ ਸਿੰਘ ਨੇ ਦੱਸਿਆ ਕਿ ਖਾਦ ਇੰਸਪੈਕਟਰ-ਕਮ-ਖੇਤੀਬਾੜੀ ਵਿਕਾਸ ਅਫਸਰ (ਜ.ਕ.) ਬਲਾਕ ਧਾਰੀਵਾਲ ਦੀ ਸ਼ਿਕਾਇਤ ਅਨੁਸਾਰ, ਮੁਲਜ਼ਮ ਰਾਕੇਸ਼ ਕੁਮਾਰ (ਸੇਲਸਮੈਨ ਐੱਮ. ਐੱਸ. ਏ. ਆਰ. ਐਗਰੋ ਕੈਮੀਕਲਜ਼, ਵਾਸੀ ਅੰਮ੍ਰਿਤਸਰ), ਐੱਮ. ਐੱਸ. ਉੱਤਮ ਐਗਰੋ ਪ੍ਰਾਈਵੇਟ ਲਿਮਟਿਡ (426ਏ, ਫੋਕਲ ਪੁਆਇੰਟ ਇੰਡਸਟ੍ਰੀਅਲ ਅਸਟੇਟ ਸਿਕੰਦਰਪੁਰ, ਯੂ. ਪੀ.) ਅਤੇ ਯੋਗੇਸ਼ ਕੁਮਾਰ ਪੁੱਤਰ ਨਰੈਣ ਚੰਦ (ਵਾਰਡ ਨੰਬਰ 2 ਧਾਰੀਵਾਲ, ਮਾਲਕ ਐੱਮ. ਐੱਸ. ਯੋਗੇਸ਼ ਖੇਤੀ ਸਟੋਰ ਸਾਹਮਣੇ ਗ੍ਰੇਨ ਮਾਰਕੀਟ, ਧਾਰੀਵਾਲ) ਨੇ ਸੋਚੀ-ਸਮਝੀ ਸਾਜ਼ਿਸ਼ ਤਹਿਤ ਜਾਅਲੀ ਖਾਦਾਂ ਸਟੋਰ ਕਰ ਕੇ ਭੋਲੇ-ਭਾਲੇ ਕਿਸਾਨਾਂ ਨਾਲ ਠੱਗੀ ਤੇ ਜਾਅਲਸਾਜ਼ੀ ਕੀਤੀ ਹੈ।

ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਅਧਿਆਪਕ ਦਿਵਸ ਮੌਕੇ ਸ਼ਾਨਦਾਰ ਸਮਾਗਮ; ਬਿਹਤਰੀਨ ਸੇਵਾਵਾਂ ਲਈ ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ

ਰਾਸ਼ਟਰੀ ਅਧਿਆਪਕ ਦਿਵਸ ਸਮਾਗਮ ਦੌਰਾਨ ਸਨਮਾਨਿਤ ਕੀਤੇ ਅਧਿਆਪਕ ਪ੍ਰੀਸ਼ਦ ਦੇ ਅਹੁਦੇਦਾਰਾਂ ਨਾਲ। (ਜੀਤ)

ਗੁਰਦਾਸਪੁਰ, 5 ਸਤੰਬਰ (ਹਰਮਨ, ਵਿਨੋਦ)-ਭਾਰਤ ਵਿਕਾਸ ਪ੍ਰੀਸ਼ਦ ਸਿਟੀ ਸ਼ਾਖਾ ਗੁਰਦਾਸਪੁਰ ਵੱਲੋਂ ਰਾਸ਼ਟਰੀ ਅਧਿਆਪਕ ਦਿਵਸ ਦੇ ਸਬੰਧ 'ਚ ਗੋਲਡਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ਼ਾਖਾ ਪ੍ਰਧਾਨ ਰਮੇਸ਼ ਸਲਹੋਤਰਾ ਦੀ ਪ੍ਰਧਾਨਗੀ ਹੇਠ ਸਮਾਗਮ ਕਰਵਾਇਆ ਗਿਆ। ਇਸ 'ਚ ਡੀ. ਈ. ਓ. (ਸੈਕੰਡਰੀ) ਸਟੇਟ ਐਵਾਰਡੀ ਰਾਜੇਸ਼ ਕੁਮਾਰ ਸ਼ਰਮਾ ਨੇ ਮੁੱਖ ਮਹਿਮਾਨ ਅਤੇ ਗੋਲਡਨ ਗਰੁੱਪ ਆਫ ਇੰਸਟੀਚਿਊਟ ਦੇ ਚੇਅਰਮੈਨ ਡਾ. ਮੋਹਿਤ ਮਹਾਜਨ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਜੋਤ ਪ੍ਰਜਵਲਿਤ ਕਰਨ ਉਪਰੰਤ ਸ਼ਾਖਾ ਸਕੱਤਰ ਵਿਕਾਸ ਸ਼ੰਗਾਰੀ ਨੇ ਮੰਚ ਸੰਚਾਲਨ ਕੀਤਾ ਅਤੇ ਪ੍ਰਧਾਨ ਰਮੇਸ਼ ਸਲਹੋਤਰਾ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਮੁੱਖ ਬੁਲਾਰੇ ਰਮੇਸ਼ ਮੋਹਨ ਅਤੇ ਮੈਂਬਰ ਵਿਜੇਂਦਰ ਕੋਹਲੀ ਨੇ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜੀਵਨ ਅਤੇ ਸਿੱਖਿਆ ਖੇਤਰ 'ਚ ਪਾਏ ਯੋਗਦਾਨ 'ਤੇ ਚਾਨਣਾ ਪਾਇਆ। ਸਕੂਲੀ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਸਮਾਗਮ ਦੌਰਾਨ ਸਿੱਖਿਆ ਖੇਤਰ 'ਚ ਸ਼ਲਾਘਾਯੋਗ ਸੇਵਾਵਾਂ ਲਈ ਡਾ. ਇੰਦੂ ਬਾਲਾ, ਮੀਨਾ, ਸਰਬਜੀਤ ਕੌਰ, ਰੇਣੂਕਾ ਅਗਰਵਾਲ, ਲਲਿਤਾ ਕੁਮਾਰੀ, ਸੁਨੀਤਾ ਬੇਦੀ, ਮੋਨਿਕਾ ਸ਼ਰਮਾ, ਸੇਵਾਮੁਕਤ ਹੈੱਡਮਾਸਟਰ ਅਸ਼ਵਨੀ ਕੁਮਾਰ, ਲੈਕਚਰਾਰ ਸੁਨੀਲ ਕੁਮਾਰ, ਲੈਕਚਰਾਰ ਅਵਿਨਾਸ਼ ਕੁਮਾਰ, ਲੈਕਚਰਾਰ ਰੀਨਾ ਅਤੇ ਲੈਕਚਰਾਰ ਗੁਰਇਕਬਾਲ ਸਿੰਘ ਨੂੰ ਅੰਗ-ਵਸਤਰ, ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋਫੈਸਰ ਮਹਿੰਦਰ ਕੁਮਾਰ ਨੇ ਧੰਨਵਾਦ ਕੀਤਾ।

ਇਸ ਮੌਕੇ ਸ਼ਿਵ ਗੌਤਮ, ਰਾਜੇਸ਼ ਸਲਹੋਤਰਾ, ਸ਼ੈਲੇਂਦਰ ਭਾਸਕਰ, ਰਮੇਸ਼ ਸ਼ਰਮਾ, ਸੁਨੀਲ ਕੁਮਾਰ ਮਹਾਜਨ, ਲਲਿਤ ਮਲਹੋਤਰਾ, ਪਵਨ ਰਾਏ, ਮਨੋਹਰ ਲਾਲ, ਸੁਰਜੀਤ ਸਿੰਘ, ਅਮਰਨਾਥ, ਹਿਤੇਸ਼ ਕੁਮਾਰ ਮਹਾਜਨ, ਬਲਵਿੰਦਰ ਡੋਗਰਾ, ਵਿਜੇ ਕੁਮਾਰ ਸ਼ਰਮਾ, ਅਮਰਜੀਤ ਸਿੰਘ ਅਤੇ ਵਿਜੇ ਕੁਮਾਰ ਸ਼ਰਮਾ ਵੀ ਹਾਜ਼ਰ ਸਨ।

ਪੰਜਾਬ ਅਤੇ ਪੰਜਾਬੀਆਂ ਦੀ ਤਰੱਕੀ ਲਈ ਸੂਬੇ 'ਚ ਭਾਜਪਾ ਦੀ ਸਰਕਾਰ ਹੋਣਾ ਬਹੁਤ ਜ਼ਰੂਰੀ : ਹੀਰਾ ਵਾਲੀਆ

ਬਟਾਲਾ, 5 ਸਤੰਬਰ (ਬੇਰੀ)-ਭਾਰਤੀ ਜਨਤਾ ਪਾਰਟੀ ਦੇ ਜ਼ਿਲਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਭਾਜਪਾ ਨੇ ਜੋ ਵੀ ਵਾਅਦੇ ਲੋਕਾਂ ਨਾਲ ਕੀਤੇ, ਉਨ੍ਹਾਂ ਨੂੰ ਇਨ-ਬਿਨ ਪੂਰਾ ਕਰ ਕੇ ਬਿਹਤਰੀਨ ਬੁਨਿਆਦੀ ਸਹੂਲਤਾਂ ਦਿੱਤੀਆਂ ਹਨ। ਭਾਜਪਾ ਦੀ ਕਹਿਣੀ ਤੇ ਕਰਨੀ 'ਚ ਕੋਈ ਫਰਕ ਨਹੀਂ ਹੈ, ਜਿਸ ਕਰ ਕੇ ਇਹ ਦੇਸ਼ ਵਾਸੀਆਂ ਦੀ ਪਹਿਲੀ ਪਸੰਦ ਬਣ ਚੁੱਕੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਬਿਨਾਂ ਕਿਸੇ ਪੱਖਪਾਤ ਤੋਂ ਲੋਕ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ।

ਉਨ੍ਹਾਂ ਮੌਜੂਦਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਾਰਜਕਾਲ ਦੌਰਾਨ ਅਪਰਾਧਿਕ ਘਟਨਾਵਾਂ ਵਧੀਆਂ ਹਨ ਅਤੇ ਵਿਕਾਸ ਦਾ ਕੋਈ ਅਹਿਮ ਕੰਮ ਨਹੀਂ ਹੋਇਆ। ਲੋਕਾਂ ਨੇ ਜਿਸ ਉਮੀਦ ਨਾਲ 'ਆਪ' ਨੂੰ ਬਹੁਮਤ ਦਿੱਤਾ ਸੀ, ਸਰਕਾਰ ਨੇ ਉਨ੍ਹਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ ਅਤੇ ਹੁਣ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ। ਹੀਰਾ ਵਾਲੀਆ ਨੇ ਦਾਅਵਾ ਕੀਤਾ ਕਿ ਸੂਬੇ ਨੂੰ ਮੁੜ ਵਿਕਾਸ ਦੀਆਂ ਲੀਹਾਂ 'ਤੇ ਲਿਆਉਣ ਲਈ ਭਾਜਪਾ ਸਰਕਾਰ ਜ਼ਰੂਰੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪੰਜਾਬ ਦੇ ਲੋਕ ਭਾਜਪਾ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਸਰਕਾਰ ਬਣਾਉਣਗੇ।

ਆਰ. ਡੀ. ਖੋਸਲਾ ਸਕੂਲ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ ਅਤੇ ਮਾਣਮੱਤੇ ਮਾਹੌਲ 'ਚ ਮਨਾਇਆ

ਆਰ. ਡੀ. ਖੋਸਲਾ ਸਕੂਲ 'ਚ ਕਰਵਾਏ ਪ੍ਰੋਗਰਾਮ ਦੀਆਂ ਤਸਵੀਰਾਂ। (ਬੇਰੀ)

ਬਟਾਲਾ, 5 ਸਤੰਬਰ (ਬੇਰੀ, ਵਿਪਨ, ਮਠਾਰੂ)-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਅਧਿਆਪਕ ਦਿਵਸ ਬਹੁਤ ਉਤਸ਼ਾਹ ਅਤੇ ਮਾਣਮੱਤੇ ਮਾਹੌਲ 'ਚ ਮਨਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰਿੰਸੀਪਲ ਡਾ. ਬਿੰਦੂ ਭੱਲਾ ਅਤੇ ਪ੍ਰਬੰਧਕੀ ਕਮੇਟੀ ਮੈਂਬਰਾਂ ਭੂਪਿੰਦਰ ਸਿੰਘ, ਵਰਿੰਦਰ ਕਾਂਸਰਾ ਅਤੇ ਮਨੀਸ਼ਾ ਖੋਸਲਾ ਦੁਆਰਾ ਜੋਤੀ ਪ੍ਰਜਵਲਿਤ ਕਰ ਕੇ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਹਾਨ ਦਾਰਸ਼ਨਿਕ ਤੇ ਸਿੱਖਿਅਕ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੀਆਂ ਸਿੱਖਿਆਵਾਂ ਅਪਣਾਉਣ ਅਤੇ ਆਪਣੇ ਅਧਿਆਪਕਾਂ ਪ੍ਰਤੀ ਸਤਿਕਾਰ, ਸ਼ੁਕਰਗੁਜ਼ਾਰੀ ਤੇ ਪਿਆਰ ਦੀਆਂ ਭਾਵਨਾਵਾਂ ਪ੍ਰਗਟ ਕਰਨ ਲਈ ਪ੍ਰੇਰਿਤ ਕਰਨਾ ਸੀ।

ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਸਵਰਗੀ ਸਕੂਲ ਚੇਅਰਮੈਨ ਚਰਨਜੀਤ ਖੋਸਲਾ ਦੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਤੋਂ ਬਾਅਦ ਬੱਚਿਆਂ ਨੇ ਕਵਿਤਾ, ਭਾਸ਼ਣ, ਨਾਚ, ਭੰਗੜਾ ਅਤੇ ਵੱਖ-ਵੱਖ ਮਨਮੋਹਕ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਅਧਿਆਪਕ-ਵਿਦਿਆਰਥੀ ਦੇ ਪਵਿੱਤਰ ਰਿਸ਼ਤੇ ਅਤੇ ਜੀਵਨ 'ਚ ਗੁਰੂ ਦੀ ਮਹੱਤਤਾ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਸਕੂਲ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਧਿਆਪਕ ਉਹ ਦੀਪਕ ਹਨ, ਜੋ ਖੁਦ ਜਲ ਕੇ ਬੱਚਿਆਂ ਦੇ ਜੀਵਨ ਨੂੰ ਗਿਆਨ, ਸੰਸਕਾਰ ਅਤੇ ਕਦਰਾਂ-ਕੀਮਤਾਂ ਦੀ ਰੌਸ਼ਨੀ ਨਾਲ ਭਰਦੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀ ਦੀ ਸਫਲਤਾ ਹੀ ਅਧਿਆਪਕ ਲਈ ਸਭ ਤੋਂ ਵੱਡਾ ਸਨਮਾਨ ਹੈ। ਸਕੂਲ ਚੇਅਰਮੈਨ ਅਰਵਿੰਦ ਖੋਸਲਾ ਨੇ ਸਾਰਿਆਂ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਸਾਬਕਾ ਚੇਅਰਮੈਨ ਸ਼੍ਰੀ ਚਰਨਜੀਤ ਖੋਸਲਾ ਜੀ ਨੂੰ ਨਮਨ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਲਾਇਆ ਇਹ ਸਕੂਲ ਰੂਪੀ ਬੂਟਾ ਅੱਜ ਫਲਦਾਰ ਰੁੱਖ ਬਣ ਚੁੱਕਾ ਹੈ। ਸਕੂਲ ਪ੍ਰੈਜ਼ੀਡੈਂਟ ਅਜੇ ਖੋਸਲਾ ਨੇ ਵੀ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰੋਗਰਾਮ ਦੇ ਅੰਤ 'ਚ ਸਾਰਿਆਂ ਦਾ ਧੰਨਵਾਦ ਕੀਤਾ ਗਿਆ।

ਵਿਦਿਆਰਥੀਆਂ ਨਾਲ ਪ੍ਰਿੰਸੀਪਲ ਅਮਨਦੀਪ ਰੰਧਾਵਾ, ਐੱਮ. ਡੀ. ਰਜਿੰਦਰ ਰੰਧਾਵਾ ਤੇ ਹੋਰ। (ਮਠਾਰੂ)

ਸ੍ਰੀ ਗੁਰੂ ਨਾਨਕ ਦੇਵ ਅਕੈਡਮੀ ਕੰਡਿਆਲ ਵਿਖੇ ਅਧਿਆਪਕ ਦਿਵਸ ਧੂਮ-ਧਾਮ ਨਾਲ ਮਨਾਇਆ

ਬਟਾਲਾ, 5 ਸਤੰਬਰ (ਮਠਾਰੂ)-ਸ੍ਰੀ ਗੁਰੂ ਨਾਨਕ ਦੇਵ ਅਕੈਡਮੀ ਕੰਡਿਆਲ ਵਿਖੇ ਅਧਿਆਪਕ ਦਿਵਸ ਸਬੰਧੀ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। 12ਵੀਂ ਜਮਾਤ ਦੀ ਵਿਦਿਆਰਥਣ ਰਵਨੀਤ ਕੌਰ ਨੇ ਭਾਸ਼ਣ ਰਾਹੀਂ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਯਾਦ ਕਰਦਿਆਂ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਦਾ ਸੁਨੇਹਾ ਦਿੱਤਾ। 5ਵੀਂ ਅਤੇ 6ਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਗੀਤ ਪੇਸ਼ ਕੀਤਾ, ਜਦੋਂਕਿ 7ਵੀਂ ਤੇ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ ਇਕ ਸਕਿੱਟ ਰਾਹੀਂ ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਵਿਦਿਆਰਥੀ ਜੀਵਨ 'ਚ ਉਨ੍ਹਾਂ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਮੰਚ ਸੰਚਾਲਨ 10ਵੀਂ ਜਮਾਤ ਦੀਆਂ ਵਿਦਿਆਰਥਣਾਂ ਖੁਸ਼ਪ੍ਰੀਤ ਕੌਰ ਅਤੇ ਜਪਨੀਤ ਕੌਰ ਨੇ ਬਾਖੂਬੀ ਨਿਭਾਇਆ।

ਪ੍ਰਿੰਸੀਪਲ ਅਮਨਦੀਪ ਕੌਰ ਰੰਧਾਵਾ ਨੇ ਵਿਦਿਆਰਥੀਆਂ ਨੂੰ ਅਧਿਆਪਕਾਂ ਦੀ ਆਗਿਆ ਦਾ ਪਾਲਣ ਕਰਨ ਲਈ ਪ੍ਰੇਰਿਆ ਅਤੇ ਅਧਿਆਪਕਾਂ ਨੂੰ ਸੱਚੇ ਮਾਰਗ ਦਰਸ਼ਕ ਦੱਸਦਿਆਂ ਵਧਾਈ ਦਿੱਤੀ। ਇਸ ਮੌਕੇ ਚੇਅਰਮੈਨ ਹਰਚਰਨ ਸਿੰਘ ਰੰਧਾਵਾ, ਐੱਮ. ਡੀ. ਰਜਿੰਦਰ ਸਿੰਘ ਰੰਧਾਵਾ, ਪ੍ਰਿੰਸੀਪਲ ਅਮਨਦੀਪ ਕੌਰ ਰੰਧਾਵਾ, ਉਪ-ਪ੍ਰਿੰਸੀਪਲ ਸੁਖਮਿੰਦਰ ਕੌਰ, ਸੀਨੀਅਰ ਲੈਕਚਰਾਰ ਗੁਰਮੀਤ ਕੌਰ, ਸੀਨੀਅਰ ਕੋਆਰਡੀਨੇਟਰ ਮਨਪ੍ਰੀਤ ਕੌਰ, ਰਾਜਬੀਰ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਹੈਪੀ ਸੀਨੀਅਰ ਸੈਕੰਡਰੀ, ਸੇਂਟ ਮੇਰੀਜ਼ ਅਤੇ ਰੋਕ ਫੋਰਡ ਲਿਟਲ ਸਟਾਰ ਸਕੂਲ 'ਚ ਧੂਮਧਾਮ ਨਾਲ ਮਨਾਇਆ ਅਧਿਆਪਕ ਦਿਵਸ